ਮੋਗਾ ਅਜੀਤ

ਅਜੀਤ, ਬਠਿੰਡਾ

ਸੋਮਵਾਰ, 9 ਦਸੰਬਰ 2024

ਰਾਸ਼ਨ ਵੰਡਣ ਦੀ ਸ਼ੁਰੂਆਤ ਕਰਦੇ ਮੋਗਾ ਯੂਥ ਵੈੱਲਫੇਅਰ ਕਲੱਬ ਦੇ ਅਧਿਕਾਰੀ। ਤਸਵੀਰ : ਅਸ਼ੋਕ ਬਾਂਸਲ

ਮੋਗਾ ਯੂਥ ਵੈੱਲਫੇਅਰ ਕਲੱਬ ਵਲੋਂ 151ਵਾਂ ਰਾਸ਼ਨ ਵੰਡ ਸਮਾਗਮ

ਮੋਗਾ, 8 ਦਸੰਬਰ (ਅਸ਼ੋਕ ਬਾਂਸਲ)- ਮੋਗਾ ਯੂਥ ਵੈੱਲਫੇਅਰ ਕਲੱਬ ਮੋਗਾ ਦੀ ਤਰਫ਼ੋਂ ਅੱਜ 151 ਵਾਂ ਰਾਸ਼ਨ ਵੰਡ ਸਮਾਰੋਹ ਸਰਕਾਰੀ ਪਾਰਕ ਭੀਮ ਨਗਰ ਕੈਂਪ ਵਿਖੇ ਸਰਪ੍ਰਸਤ ਕੌਂਸਲਰ ਅਸ਼ੋਕ ਧਮੀਜਾ ਅਤੇ ਪ੍ਰਧਾਨ ਨੀਰਜ ਬਠਲਾ ਦੀ ਅਗਵਾਈ ਹੇਠ ਕਰਵਾਇਆ ਜਿਸ ਵਿਚ 51 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਮੁੱਖ ਮਹਿਮਾਨ ਕੈਨੇਡਾ ਦੇ ਕੇਵਲ ਕ੍ਰਿਸ਼ਨ ਬੱਬੂ ਨੇ 51 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ। ਰਾਸ਼ਨ ਵੰਡਣ ਸਮੇਂ ਸਰਪ੍ਰਸਤ ਅਸ਼ੋਕ ਧਮੀਜਾ ਅਤੇ ਪ੍ਰਧਾਨ ਨੀਰਜ ਬਠਲਾ ਨੇ ਦੱਸਿਆ ਕਿ ਮੋਗਾ ਯੂਥ ਵੈੱਲਫੇਅਰ ਕਲੱਬ ਹਰ ਮਹੀਨੇ ਦੇ ਦੂਜੇ ਐਤਵਾਰ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਦਾ ਹੈ ਜਿਸ ਵੀ ਲੋੜਵੰਦ ਪਰਿਵਾਰ ਨੂੰ ਰਾਸ਼ਨ ਦੀ ਲੋੜ ਹੈ ਉਹ ਕਿਸੇ ਵੀ ਮੈਂਬਰ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕਲੱਬ ਵੱਲੋਂ ਪਿਛਲੇ 13 ਸਾਲਾਂ ਤੋਂ 51 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੇਣਾ, ਬਜ਼ੁਰਗਾਂ ਦਾ ਸਤਿਕਾਰ ਕਰਨਾ, ਨਸ਼ਿਆਂ ਸਬੰਧੀ ਸੈਮੀਨਾਰ ਕਰਵਾਉਣਾ, ਡੇਂਗੂ ਤੇ ਕਰੋਨਾ ਤੋਂ ਬਚਾਅ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਤੇ ਹੋਰ ਸਮਾਜ ਸੇਵੀ ਪ੍ਰੋਜੈਕਟ ਚਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕਲੱਬ ਵੱਲੋਂ ਜਲਦੀ ਹੀ ਦੁਰਗਾ ਮੰਦਰ ਵਿਚ ਐਨ.ਜੀ.ਓ. ਹਾਲ ਦੀ ਉਸਾਰੀ ਸ਼ੁਰੂ ਕੀਤੀ ਜਾਵੇਗੀ ਜਿਸ ਵਿਚ ਲੋੜਵੰਦ ਬੱਚਿਆਂ ਲਈ ਸਿਲਾਈ ਸੈਂਟਰ, ਕੰਪਿਊਟਰ ਸੈਂਟਰ ਤੇ ਸਮਾਜ ਨੂੰ ਸਮਰਪਿਤ ਵੱਖ-ਵੱਖ ਤਰ੍ਹਾਂ ਦੇ ਸਮਾਜ ਸੇਵਾ ਦੇ ਕੰਮ ਕੀਤੇ ਜਾਣਗੇ। ਇਸ ਮੌਕੇ ਦੀਪਕ ਮਿਗਲਾਨੀ, ਡਿੰਪਲ ਰਾਜਦੇਵ, ਸੰਦੀਪ ਗਰਗ, ਪ੍ਰਭਜੋਤ ਗਿੱਲ, ਸਮਰਾ ਲਾਲ ਕਾਲੀ, ਗੁਰਵਿੰਦਰ ਸਿੱਧੂ, ਕੇਵਲ ਕ੍ਰਿਸ਼ਨ, ਸੰਜੇ ਕੋਛੜ, ਬਿੱਲਾ ਧਮੀਜਾ, ਬੰਟੀ ਅਨੇਜਾ, ਸੁਰੇਸ਼ ਮਿੱਡਾ ਆਦਿ ਹਾਜ਼ਰ ਸਨ।

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਤੇ ਟਰਾਂਸਕੋ ਦੀ ਮਹੀਨਾਵਾਰ ਮੀਟਿੰਗ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)- ਪੈਨਸ਼ਨਰਜ਼ ਐਸੋਸੀਏਸ਼ਨ ਪਾਵਰ ਕਾਮ ਐਂਡ ਟਰਾਂਸਕੋ ਸਿਟੀ ਮੰਡਲ ਦੀ ਜਨਰਲ ਮਹੀਨਾਵਾਰ ਮੀਟਿੰਗ ਬਲੌਰ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਰੈਸਟ ਹਾਊਸ ਮੋਗਾ ਵਿਖੇ ਹੋਈ ਜਿਸ ਵਿਚ ਵੱਡੀ ਗਿਣਤੀ ਵਿਚ ਪੈਨਸ਼ਨਰਜ਼ ਸਾਥੀਆਂ ਵਲੋਂ ਸ਼ਮੂਲੀਅਤ ਕੀਤੀ ਗਈ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਬਲਵਿੰਦਰ ਸਿੰਘ ਸਕੱਤਰ ਵਲੋਂ ਪਾਵਰ ਕਾਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨਾਲ ਪਿਛਲੇ ਲੰਮੇ ਸਮੇਂ ਤੋਂ ਚੱਲ ਰਹੇ ਸੰਘਰਸ਼ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਅਗਲੇ ਸਾਲ ਹੋ ਰਹੀਆਂ ਜਥੇਬੰਦੀ ਦੀਆਂ ਜਥੇਬੰਦਕ ਚੋਣਾਂ ਸਬੰਧੀ ਦੱਸਿਆ ਗਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਆਗੂ ਜੰਗੀਰ ਸਿੰਘ, ਬਲੌਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫ਼ਰੰਟ ਦੇ ਝੰਡੇ ਥੱਲੇ ਪੰਜਾਬ ਸਰਕਾਰ ਅਤੇ ਪਾਵਰ ਕਾਮ ਨਾਲ ਸਬੰਧਿਤ ਮੰਗਾਂ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ ਹਨ ਪਰ ਪੰਜਾਬ ਦੇ ਮੁੱਖ ਮੰਤਰੀ ਨੇ 7 ਵਾਰ ਸਾਂਝੇ ਫ਼ਰੰਟ ਨੂੰ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਹੀਂ ਕੀਤੀ। ਆਗੂਆਂ ਨੇ ਦੱਸਿਆ ਕਿ ਮੰਗਾਂ ਮਨਾਉਣ ਲਈ 15 ਦਸੰਬਰ ਤੋਂ 15 ਜਨਵਰੀ 2025 ਤੱਕ ਸਰਕਲ ਕਨਵੈਨਸ਼ਨ ਕੀਤੀ ਜਾਵੇਗੀ। ਰਣਜੀਤ ਸਿੰਘ ਪ੍ਰੈੱਸ ਸਕੱਤਰ ਨੇ ਦੱਸਿਆ ਕਿ ਫ਼ਰੀਦਕੋਟ ਸਰਕਲ ਦੀ ਕਨਵੈਨਸ਼ਨ 11 ਜਨਵਰੀ 2025 ਨੂੰ ਸ਼ਹੀਦ ਨਛੱਤਰ ਸਿੰਘ ਯਾਦਗਾਰੀ ਹਾਲ ਬੱਸ ਸਟੈਂਡ ਮੋਗਾ ਵਿਖੇ ਕੀਤੀ ਜਾਵੇਗੀ। ਕਨਵੈਨਸ਼ਨ ਸਵੇਰੇ 11 ਵਜੇ ਸ਼ੁਰੂ ਹੋਵੇਗੀ ਜਿਸ ਵਿਚ ਸੂਬਾ ਕਮੇਟੀ ਦੇ ਆਗੂ ਸ਼ਮੂਲੀਅਤ ਕਰਨਗੇ। ਸਿਟੀ ਮੰਡਲ ਮੋਗਾ ਤੇ ਸਬ ਅਰਬਨ ਮੰਡਲ ਮੋਗਾ ਵਲੋਂ ਮਿਤੀ 7 ਜਨਵਰੀ 2025 ਨੂੰ ਸਾਂਝੇ ਰੂਪ ਵਿਚ ਪੈਨਸ਼ਨ ਡੇ ਮਨਾਇਆ ਜਾਵੇਗਾ ਜਿਸ ਵਿਚ 70 ਸਾਲ ਉਮਰ ਪੂਰੀ ਕਰ ਚੁੱਕੇ ਪੈਨਸ਼ਨਰਜ਼ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਪਿਆਰਾ ਸਿੰਘ, ਕੁਲਦੀਪ ਕੁਮਾਰ, ਤਰਸੇਮ ਲਾਲ, ਛਿੰਦਰਪਾਲ ਕੌਰ, ਪਰਮਿੰਦਰ ਕੌਰ, ਸਵਰਨ ਸਿੰਘ ਧਰਮਕੋਟ ਆਦਿ ਹਾਜ਼ਰ ਸਨ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਆਗੂ ਬਲੌਰ ਸਿੰਘ। ਤਸਵੀਰ: ਹਰਜੀਤ ਸਿੰਘ

ਪਿੰਡ ਨੱਥੋਕੇ ਵਿਖੇ ਸਰਕਾਰੀ ਸਕੂਲ 'ਚ ਬੱਚਿਆਂ ਨੂੰ ਬੂਟ ਵੰਡਦੇ ਹੋਏ ਦਾਨੀ ਪਰਿਵਾਰ ਦੇ ਮੈਂਬਰ ਨਾਲ ਸਕੂਲ ਪ੍ਰਬੰਧਕ। ਤਸਵੀਰ : ਸਿੰਗਲਾ

ਪਿੰਡ ਨੱਥੋਕੇ ਦੇ ਦਾਨੀ ਪਰਿਵਾਰ ਨੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਬੂਟ ਵੰਡੇ

ਬਾਘਾ ਪੁਰਾਣਾ, 8 ਦਸੰਬਰ (ਕ੍ਰਿਸ਼ਨ ਸਿੰਗਲਾ)- ਬਾਘਾ ਪੁਰਾਣਾ ਨੇੜਲੇ ਪਿੰਡ ਨੱਥੋਕੇ ਦੇ ਇਕ ਦਾਨੀ ਪਰਿਵਾਰ ਵਲੋਂ ਆਪਣੇ ਬਜ਼ੁਰਗਾਂ ਸਵ: ਭੋਲਾ ਸਿੰਘ, ਸਵ: ਬੇਅੰਤ ਸਿੰਘ, ਸਵ: ਜਸਵੰਤ ਸਿੰਘ ਦੀ ਯਾਦ ਨੂੰ ਤਾਜ਼ਾ ਕਰਦਿਆਂ ਪਿੰਡ ਦੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਸਰਦੀ ਰੁੱਤ ਨੂੰ ਧਿਆਨ ਵਿੱਚ ਰੱਖਦੇ ਹੋਇਆ ਵਰਦੀ ਨਾਲ ਦੇ ਬੂਟ ਵੰਡੇ ਗਏ। ਇਸ ਮੌਕੇ ਪਰਿਵਾਰ ਦੇ ਮੈਂਬਰ ਰਮਨਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਤੇ ਸਮੂਹ ਪਰਿਵਾਰ ਲੋੜਵੰਦ ਪਰਿਵਾਰਾਂ ਦੀ ਮਦਦ ਕਰਨ ਲਈ ਹਮੇਸ਼ਾ ਤਿਆਰ ਰਹਿੰਦੇ ਸਨ। ਇਸ ਮੌਕੇ ਉਨ੍ਹਾਂ ਨਾਲ ਮਾਸਟਰ ਨਾਹਰ ਸਿੰਘ ਗਿੱਲ ਵੀ ਮੌਜੂਦ ਸਨ, ਉਹ ਵੀ ਸੰਤ ਬਾਬਾ ਭਾਗ ਸਿੰਘ ਤੇ ਆਪਣੀ ਪਤਨੀ ਗੁਰਿੰਦਰ ਕੌਰ ਦੀ ਯਾਦ ਵਿਚ ਬੱਚਿਆਂ ਨੂੰ ਹਰ ਸਾਲ ਨਗਦ ਇਨਾਮ ਤਕਸੀਮ ਕਰਦੇ ਹਨ। ਇਸ ਵਿਸ਼ੇਸ਼ ਉਪਰਾਲੇ ਲਈ ਸਕੂਲਾਂ ਦੇ ਸਮੂਹ ਸਟਾਫ਼ ਤੇ ਬੱਚਿਆਂ ਨੇ ਦਾਨੀ ਪਰਿਵਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਬੀਰਬਲ ਸਿੰਘ ਸਰਪੰਚ, ਮਾਸਟਰ ਨਾਹਰ ਸਿੰਘ ਗਿੱਲ, ਦਰਸ਼ਨ ਸਿੰਘ ਸਾਬਕਾ ਸਰਪੰਚ ਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ। ਅੰਤ ਵਿਚ ਸਕੂਲ ਇੰਚਾਰਜ ਮਾਸਟਰ ਗੁਰਬਿੰਦਰ ਸਿੰਘ ਨੇ ਸਮੁੱਚੀ ਟੀਮ ਦਾ ਧੰਨਵਾਦ ਕੀਤਾ।

ਜ਼ਿਲ੍ਹਾ ਟਰਾਂਸਪੋਰਟਰ ਪ੍ਰਧਾਨ ਮਨਦੀਪ ਸਿੰਘ ਮਾਣੂੰਕੇ ਨਵ-ਨਿਯੁਕਤ ਗ੍ਰਾਮ ਪੰਚਾਇਤ ਮਾਣੂੰਕੇ ਨਾਲ ਵਿਸ਼ੇਸ਼ ਮੀਟਿੰਗ ਸਮੇਂ। ਤਸਵੀਰ : ਮਾਣੂੰਕੇ

ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵਿਕਾਸ ਕਾਰਜਾਂ ਨੂੰ ਹਮੇਸ਼ਾ ਪਹਿਲ ਦਿੰਦੇ ਹਨ- ਪ੍ਰਧਾਨ ਮਨਦੀਪ ਮਾਣੂੰਕੇ

ਬਾਘਾਪੁਰਾਣਾ, 8 ਦਸੰਬਰ (ਗੁਰਮੀਤ ਸਿੰਘ ਮਾਣੂੰਕੇ)- ਜ਼ਿਲ੍ਹਾ ਟਰਾਂਸਪੋਰਟਰ ਪ੍ਰਧਾਨ ਮਨਦੀਪ ਸਿੰਘ ਮਾਣੂੰਕੇ ਨੇ ਨਵ-ਨਿਯੁਕਤ ਗ੍ਰਾਮ ਪੰਚਾਇਤ ਮਾਣੂੰਕੇ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ਸਰਪੰਚ ਅਜੈਬ ਸਿੰਘ ਨੇ ਜ਼ਿਲ੍ਹਾ ਟਰਾਂਸਪੋਰਟਰ ਪ੍ਰਧਾਨ ਮਨਦੀਪ ਸਿੰਘ ਮਾਣੂੰਕੇ ਦਾ ਗ੍ਰਾਮ ਪੰਚਾਇਤ ਦੀ ਪਲੇਠੀ ਮੀਟਿੰਗ 'ਚ ਪਹੁੰਚਣ 'ਤੇ ਵਿਸ਼ੇਸ਼ ਧੰਨਵਾਦ ਕਰਦਿਆਂ ਗ੍ਰਾਮ ਪੰਚਾਇਤ ਦੁਆਰਾ 2025 ਤੋਂ ਸ਼ੁਰੂ ਹੋਣ ਵਾਲੇ ਕੰਮਾਂ ਬਾਰੇ ਵਿਸ਼ੇਸ਼ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਨੂੰ ਪੂਰਾ ਕਰਵਾਉਣ ਲਈ ਗ੍ਰਾਮ ਪੰਚਾਇਤ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਧਾਨ ਮਨਦੀਪ ਸਿੰਘ ਮਾਣੂੰਕੇ ਨੇ ਕਿਹਾ ਕਿ ਪਿੰਡ 'ਚ ਨਵੇਂ ਵਿਕਾਸ ਕਾਰਜ ਸ਼ੁਰੂ ਕਰਵਾਉਣ ਲਈ ਗ੍ਰਾਮ ਪੰਚਾਇਤ ਨੂੰ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਨਹੀ ਆਉਣ ਦਿੱਤੀ ਜਾਵੇਗੀ ਕਿਉਂਕਿ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵਿਕਾਸ ਕਾਰਜਾਂ ਨੂੰ ਹਮੇਸ਼ਾ ਪਹਿਲ ਦਿੰਦੇ ਹਨ ਅਤੇ ਉਨ੍ਹਾਂ ਦੁਆਰਾ ਲਿਆਂਦੀਆਂ ਗਰਾਂਟਾਂ ਨਾਲ ਪਿੰਡ ਨੂੰ ਨਵੀ ਦਿੱਖ ਮਿਲੇਗੀ। ਇਸ ਮੌਕੇ ਰਮਨਦੀਪ ਸਿੰਘ ਪੰਚ, ਸੁਖਚੈਨ ਸਿੰਘ, ਸੁਖਮੰਦਰ ਸਿੰਘ, ਰਾਮਜੀਤ ਸਿੰਘ, ਬਲਵਿੰਦਰ ਸਿੰਘ, ਪ੍ਰਧਾਨ ਰਣਜੀਤ ਸਿੰਘ ਜੀਤਾ, ਸਤਨਾਮ ਸਿੰਘ ਸੱਤਾ ਆਦਿ ਗ੍ਰਾਮ ਪੰਚਾਇਤ ਮੈਂਬਰ ਹਾਜ਼ਰ ਸਨ।

ਬਾਘਾ ਪੁਰਾਣਾ ਵਿਖੇ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਮੀਟਿੰਗ

ਬਾਘਾ ਪੁਰਾਣਾ, 8 ਦਸੰਬਰ (ਕ੍ਰਿਸ਼ਨ ਸਿੰਗਲਾ)- ਸਥਾਨਕ ਸ਼ਹਿਰ ਦੀ ਨਿਹਾਲ ਸਿੰਘ ਵਾਲਾ ਸੜਕ ਉੱਪਰ ਸਥਿਤ ਸੁਭਾਸ਼ ਦਾਣਾ ਮੰਡੀ ਵਿਖੇ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਹੋਈ ਜਿਸ ਵਿਚ ਜਗਸੀਰ ਸਿੰਘ ਗਿੱਲ ਕਾਲੇਕੇ, ਸੂਬੇਦਾਰ ਗੁਰਬਚਨ ਸਿੰਘ ਬਰਾੜ, ਬਿੱਟੂ ਮਿੱਤਲ ਸਾਬਕਾ ਕੌਂਸਲਰ ਤੇ ਹੋਰ ਆਗੂ ਸ਼ਾਮਲ ਹੋਏ। ਇਸ ਮੌਕੇ ਆਪਸੀ ਵਿਚਾਰ-ਵਟਾਂਦਰਾ ਕਰਨ ਉਪਰੰਤ ਉਕਤ ਆਗੂਆਂ ਨੇ ਕਿਹਾ ਕਿ ਸਾਡੇ ਵਲੋਂ ਵਰਕਰਾਂ ਦਾ ਹਾਲ-ਚਾਲ ਜਾਣਨ ਲਈ ਮੀਟਿੰਗ ਰੱਖੀ ਗਈ ਸੀ ਪਰ ਇਸ ਦੌਰਾਨ ਚੋਣ ਕਮਿਸ਼ਨ ਵਲੋਂ ਐਲਾਨ ਕੀਤਾ ਗਿਆ ਹੈ ਕਿ ਆਉਣ ਵਾਲੀ 21 ਦਸੰਬਰ ਨੂੰ ਲੋਕਲ ਬਾਡੀ ਚੋਣਾ ਕਰਵਾਈਆਂ ਜਾਣਗੀਆਂ, ਜਿਸ ਲਈ ਸਾਡੀ ਪੂਰੀ ਤਰ੍ਹਾਂ ਤਿਆਰੀ ਹੈ, ਜਗਸੀਰ ਸਿੰਘ ਨੇ ਕਿਹਾ ਕਿ ਵਿਰੋਧੀਆਂ ਵਲੋਂ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਸਾਡੇ ਕੋਲ ਉਮੀਦਵਾਰ ਨਹੀਂ ਹਨ ਜਦਕਿ ਵਿਰੋਧੀ ਧਿਰ 'ਚ ਹੋਣ ਦੇ ਬਾਵਜੂਦ ਸਾਡੇ ਕੋਲ ਇਕ ਵਾਰਡ ਵਿਚ ਚਾਰ-ਚਾਰ ਉਮੀਦਵਾਰ ਹਨ, ਕਿਉਂਕਿ ਕਾਂਗਰਸ ਪਾਰਟੀ ਦੀ ਲੋਕ ਪ੍ਰਿਅਤਾ ਹੀ ਐਨੀ ਜ਼ਿਆਦਾ ਹੈ, ਉਨ੍ਹਾਂ ਕਿਹਾ ਕਿ ਅਸੀਂ ਦਾਅਵੇ ਨਾਲ ਕਹਿ ਸਕਦੇ ਹਾਂ ਕਿ ਜੇਕਰ ਹਲਕਾ ਵਿਧਾਇਕ ਪੂਰੀ ਇਮਾਨਦਾਰੀ ਨਾਲ ਚੋਣਾਂ ਕਰਵਾਉਂਦੇ ਹਨ ਤਾਂ ਅਸੀਂ ਪੰਦਰਾਂ ਦੀਆਂ ਪੰਦਰਾਂ ਸੀਟਾਂ ਪੂਰੇ ਧੂਮਧੜੱਕੇ ਨਾਲ ਜਿੱਤਾਂਗੇ, ਕਿਉਂਕਿ ਸ਼ਹਿਰ ਵਿਚ ਜੇਕਰ ਕੋਈ ਵਿਕਾਸ ਹੋਇਆ ਹੈ ਤਾਂ ਉਹ ਪਿਛਲੀ ਕੌਂਸਲ ਵਲੋਂ ਕਾਂਗਰਸ ਸਰਕਾਰ ਵਿੱਚ ਕਰਵਾਇਆ ਗਿਆ। ਇਸ ਮੌਕੇ ਗੁਰਤੇਜ ਸਿੰਘ ਨੱਥੂਵਾਲਾ ਪ੍ਰਧਾਨ, ਹਰਦੀਸ਼ ਸਿੰਘ ਦੀਸ਼ਾ ਪ੍ਰਧਾਨ, ਪ੍ਰਦੀਪ ਅਰੋੜਾ ਪ੍ਰਧਾਨ, ਗਗਨ ਸਿੰਘ ਪ੍ਰਧਾਨ, ਜਸਪਾਲ ਸਿੰਘ ਪ੍ਰਧਾਨ, ਕਰਨਜੀਤ ਸਿੰਘ ਵਾਂਦਰ ਚੇਅਰਮੈਨ, ਜਗਸੀਰ ਸਿੰਘ ਸਾਬਕਾ ਕੌਂਸਲਰ, ਸ਼ਸ਼ੀ ਗਰਗ ਸਾਬਕਾ ਕੌਂਸਲਰ, ਗੁਰਮੁਖ ਸਿੰਘ ਸਾਬਕਾ ਕੌਂਸਲਰ, ਗੁਰਜੰਟ ਸਿੰਘ ਸਾਬਕਾ ਕੌਂਸਲਰ, ਜੋਧਾ ਸਿੰਘ ਬਰਾੜ, ਕਰਨੈਲ ਸਿੰਘ, ਕਮਲ ਕੁਮਾਰ ਚੌਧਰੀ, ਬਲਵਿੰਦਰ ਸਿੰਘ, ਸੁਕੇਸ਼ ਗਰਗ ਸ਼ਿੰਕਾ, ਮੱਖਣ ਬਰਾੜ, ਜੀਵਨ ਲਤਾ, ਤੇਜਪਾਲ ਕੌਰ, ਘਨੱਈਆ ਚਿੰਡਾਲੀਆ, ਭਗਵਾਨ ਦਾਸ, ਰਵੀ ਕਬਾੜੀਆ, ਛਿੰਦਰ ਸਿੰਘ, ਰਿੰਕੂ ਸਿੰਘ ਸਾਬਕਾ ਕੌਂਸਲਰ, ਹਰਪ੍ਰੀਤ ਸਿੰਘ ਘੋਟੂ, ਬੋਹੜ ਸਿੰਘ ਵਾਂਦਰ, ਹੈਪੀ ਸਰਪੰਚ ਰੋਡੇ, ਬੋਹੜ ਸਿੰਘ ਸਾਬਕਾ ਸਰਪੰਚ, ਮੱਖਣ ਸਿੰਘ ਵਾਂਦਰ, ਸੁੱਖਾ ਲੰਗੇਆਣਾ, ਸੀਪਾ ਰਾਜੇਆਣਾ, ਕਾਕਾ ਬਰਾੜ ਆਲਮਵਾਲਾ, ਨਵਜੋਤ ਚੰਦ ਨਵਾਂ ਪੀ.ਏ. ਆਦਿ ਹਾਜ਼ਰ ਸਨ।

ਬਾਘਾ ਪੁਰਾਣਾ ਵਿਖੇ ਕਾਂਗਰਸੀ ਆਗੂ ਜਗਸੀਰ ਸਿੰਘ ਗਿੱਲ, ਗੁਰਬਚਨ ਸਿੰਘ ਬਰਾੜ, ਬਿੱਟੂ ਮਿੱਤਲ ਤੇ ਹੋਰ ਆਗੂ ਮੀਟਿੰਗ ਉਪਰੰਤ ਜਾਣਕਾਰੀ ਦਿੰਦੇ ਹੋਏ। ਨਾਲ ਸ਼ਹਿਰੀ ਵਰਕਰ। ਤਸਵੀਰ : ਸਿੰਗਲਾ

ਨੰਬਰਦਾਰ ਯੂਨੀਅਨ ਦੀ ਮੀਟਿੰਗ ਕਰਨ ਸਮੇਂ ਹਰਭਿੰਦਰ ਸਿੰਘ ਮਸੀਤਾਂ ਤੇ ਹੋਰ ਆਗੂ। ਅਜੀਤ ਤਸਵੀਰ

ਨੰਬਰਦਾਰ ਯੂਨੀਅਨ ਐਸੋਸੀਏਸ਼ਨ ਗਾਲਿਬ ਗਰੁੱਪ ਦੀ ਹੋਈ ਮੀਟਿੰਗ

ਧਰਮਕੋਟ, 8 ਦਸੰਬਰ (ਪਰਮਜੀਤ ਸਿੰਘ)-ਨੰਬਰਦਾਰ ਯੂਨੀਅਨ ਐਸੋਸੀਏਸ਼ਨ ਗਾਲਿਬ ਗਰੁੱਪ ਦੀ ਮੀਟਿੰਗ ਗੁਰਦੁਆਰਾ ਬਾਬਾ ਪੂਰਨ ਸਿੰਘ ਵਿਖੇ ਕੀਤੀ ਗਈ ਜਿਸ ਦੀ ਪ੍ਰਧਾਨਗੀ ਤਹਿਸੀਲ ਪ੍ਰਧਾਨ ਹਰਭਿੰਦਰ ਸਿੰਘ ਮਸੀਤਾਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹੋਇਆਂ ਮਸੀਤਾਂ ਨੇ ਕਿਹਾ ਹੈ ਕਿ ਨੰਬਰਦਾਰਾਂ ਦੀਆਂ ਮੰਗਾਂ ਪਿਛਲੀ ਅਕਾਲੀ ਤੇ ਕਾਂਗਰਸ ਸਰਕਾਰਾਂ ਨੇ ਪੂਰੀਆਂ ਨਹੀਂ ਕੀਤੀਆਂ ਤੇ ਹੁਣ ਇਸ ਸਰਕਾਰ 'ਤੇ ਨੰਬਰਦਾਰਾਂ ਦੀਆਂ ਨਜ਼ਰਾਂ ਟਿੱਕੀਆਂ ਹੋਈਆਂ ਨੇ ਕਿ ਇਹ ਸਰਕਾਰ ਨੰਬਰਦਾਰਾਂ ਦੀਆਂ ਮੰਗਾਂ ਜ਼ਰੂਰ ਪੂਰੀਆਂ ਕਰੇਗੀ ਜਿਵੇਂ ਕਿ ਨੰਬਰਦਾਰੀ ਜੱਦੀ ਪੁਸ਼ਤੀ ਕਰਨੀ, ਮਾਣ ਭੱਤੇ ਵਿਚ ਵਾਧਾ ਕਰਨਾ, ਬੱਸ ਕਰਾਇਆ, ਟੋਲ ਪਲਾਜ਼ਾ, ਮੈਡੀਕਲ ਸਿਹਤ ਬੀਮਾ ਆਦਿ ਸਹੂਲਤਾਂ ਲਾਗੂ ਕੀਤੀਆਂ ਜਾਣ। ਉਨ੍ਹਾਂ ਅੱਗੇ ਕਿਹਾ ਕਿ ਪਰਾਲੀ ਨੂੰ ਲੱਗੀ ਅੱਗ ਕਾਰਨ ਜੇ ਕਿਸੇ ਕਿਸਾਨ ਅਤੇ ਨੰਬਰਦਾਰ 'ਤੇ ਪਰਚਾ ਸਰਕਾਰ ਨੇ ਕੀਤਾ ਹੈ ਤਾਂ ਸਰਕਾਰ ਨੂੰ ਚਾਹੀਦਾ ਹੈ ਕਿ ਉਸ ਪਰਚੇ ਦੀ ਸਹੀ ਤੇ ਨਿਰਪੱਖ ਤਰੀਕੇ ਨਾਲ ਜਾਂਚ ਕੀਤੀ ਜਾਵੇ। ਮਸੀਤਾਂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵਲੋਂ ਚੰਡੀਗੜ੍ਹ ਵਿਖੇ ਹਰਿਆਣਾ ਨੂੰ ਵੱਖਰੀ ਵਿਧਾਨ ਸਭਾ ਲਈ ਥਾਂ ਦੇਣੀ ਪੰਜਾਬ ਨਾਲ ਬੇਇਨਸਾਫ਼ੀ ਹੋਵੇਗੀ। ਇਸ ਲਈ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਰਾਜਪਾਲ ਕੋਲ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ ਤੇ ਨੰਬਰਦਾਰ ਯੂਨੀਅਨ ਐਸੋਸੀਏਸ਼ਨ ਗਾਲਿਬ ਗਰੁੱਪ ਵੀ ਜ਼ਮੀਨ ਦੇਣ ਦੇ ਫੈਸਲੇ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦਾ ਹੈ। ਇਸ ਮੌਕੇ ਬਲਵੀਰ ਸਿੰਘ ਉੱਪਲ, ਬਲਜੀਤ ਸਿੰਘ ਕਿੱਲੀ, ਨਛੱਤਰ ਸਿੰਘ, ਠਾਕੁਰ ਸਿੰਘ ਮੰਡੀ ਜਮਾਲ, ਸ਼ੁਮਾਰ ਸਿੰਘ ਨਿਹਾਲਗੜ੍ਹ, ਇਕਬਾਲ ਸਿੰਘ ਢੋਲੇ ਵਾਲਾ, ਰੇਸ਼ਮ ਸਿੰਘ ਕਾਦਰ ਵਾਲਾ, ਜੋਗਿੰਦਰ ਸਿੰਘ, ਮੰਗਲ ਸਿੰਘ, ਸੁਖਦੀਪ ਸਿੰਘ, ਬਲਕਾਰ ਸਿੰਘ, ਪਿੱਪਲ ਸਿੰਘ, ਜਸਵੀਰ ਸਿੰਘ, ਗੁਰਵਿੰਦਰ ਸਿੰਘ, ਰਜਿੰਦਰ ਸਿੰਘ, ਕੇਵਲ ਸਿੰਘ, ਬਚਿੱਤਰ ਸਿੰਘ, ਮਲਕੀਤ ਸਿੰਘ, ਦੀਦਾਰ ਸਿੰਘ, ਬਲਤੇਜ ਸਿੰਘ, ਸਲਵਿੰਦਰ ਸਿੰਘ, ਗੁਰਜੰਟ ਸਿੰਘ, ਜਸਪਾਲ ਸਿੰਘ, ਜਰਨੈਲ ਸਿੰਘ, ਸਤਨਾਮ ਸਿੰਘ ਬੂਟਾ ਮੱਲ ਆਦਿ ਹਾਜ਼ਰ ਸਨ।

ਸਿਹਤ ਸਕੀਮਾਂ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣ-ਡਿਪਟੀ ਕਮਿਸ਼ਨਰ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ)- ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮਹੱਤਵਪੂਰਨ ਮੀਟਿੰਗ ਅੱਜ ਡਿਪਟੀ ਕਮਿਸ਼ਨਰ ਮੋਗਾ ਵਿਸ਼ੇਸ਼ ਸਾਰੰਗਲ ਦੀ ਅਗਵਾਈ ਹੇਠ ਉਨ੍ਹਾਂ ਦੇ ਦਫ਼ਤਰ ਵਿਖੇ ਕੀਤੀ ਗਈ। ਮੀਟਿੰਗ ਵਿਚ ਸਿਵਲ ਸਰਜਨ (ਕਾਰਜਕਾਰੀ) ਡਾ. ਰੀਤੂ ਜੈਨ ਨੇ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ, ਸਮੂਹ ਪ੍ਰੋਗਰਾਮ ਅਫ਼ਸਰਾਂ ਤੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਮੀਟਿੰਗ ਦੇ ਏਜੰਡੇ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਮੀਟਿੰਗ ਦੌਰਾਨ ਸਿਹਤ ਸੇਵਾਵਾਂ ਤੇ ਸਿਹਤ ਸਕੀਮਾਂ ਸਬੰਧੀ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦਿੱਤੀ ਗਈ। ਦੱਸਿਆ ਗਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੈਲਥ ਵੈਲਨੈਸ ਸੈਂਟਰ, ਆਮ ਆਦਮੀ ਕਲੀਨਿਕ ਤੇ ਪੀ.ਐਚ.ਸੀ. ਨੂੰ ਅਪਗਰੇਡ ਕਰ ਕੇ ਰੀਬ੍ਰੈਂਡ ਕਰ ਕੇ ਆਯੁਸ਼ਮਾਨ ਅਰੋਗਿਆ ਕੇਂਦਰ ਬਣਾਇਆ ਜਾਵੇਗਾ। ਇਨ੍ਹਾਂ ਕੇਂਦਰਾਂ ਵਿਚ ਸੰਚਾਰਿਤ ਤੇ ਗ਼ੈਰ ਸੰਚਾਰਿਤ ਬਿਮਾਰੀਆਂ ਜਿਵੇਂ ਸ਼ੂਗਰ, ਬਲੱਡ ਪ੍ਰੈਸ਼ਰ, ਦਮਾ, ਚਮੜੀ ਤੇ ਦੰਦਾਂ ਦੇ ਰੋਗ ਦੀ ਸਕਰੀਨਿੰਗ ਅਤੇ ਇਲਾਜ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ। ਜ਼ਰੂਰਤ ਪੈਣ 'ਤੇ ਮਰੀਜ਼ਾਂ ਨੂੰ ਉੱਚ ਸਿਹਤ ਸੇਵਾਵਾਂ ਲਈ ਰੈਫਰਲ ਸਹੂਲਤ ਵੀ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਸਾਰੰਗਲ ਨੇ ਸਮੂਹ ਸਿਹਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਿਹਤ ਸਕੀਮਾਂ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਕੋਸ਼ਿਸ਼ ਕੀਤੀ ਜਾਵੇ ਕਿ ਹਰੇਕ ਪੱਧਰ ਦੀ ਸਿਹਤ ਸੰਸਥਾ ਵਿਚ ਨਿਯਮ ਅਤੇ ਉਪਲਬਧਤਾ ਮੁਤਾਬਿਕ ਸਿਹਤ ਸਹੂਲਤ ਲੋਕਾਂ ਨੂੰ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਯੋਜਨਾਵਾਂ ਨੂੰ ਮਜ਼ਬੂਤ ਬਣਾਉਣ ਅਤੇ ਜਨਤਾ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣ ਦੇ ਉਦੇਸ਼ਾਂ ਦੀ ਪ੍ਰਾਪਤੀ ਲਈ ਹਰੇਕ ਨੂੰ ਯਤਨ ਕਰਨਾ ਚਾਹੀਦਾ ਹੈ। ਸਿਹਤ ਵਿਭਾਗ ਵਲੋਂ ਚਲਾਏ ਗਏ ਪ੍ਰੋਗਰਾਮਾਂ ਦੀ ਤਿੱਖੀ ਮੋਨੀਟਰਿੰਗ ਕੀਤੀ ਜਾਵੇ। ਡਿਪਟੀ ਕਮਿਸ਼ਨਰ ਮੋਗਾ ਨੇ ਜ਼ਿਲ੍ਹੇ ਵਿਚ ਸਿਹਤ ਵਿਭਾਗ ਦੇ ਕੰਮਾਂ 'ਤੇ ਤਸੱਲੀ ਪ੍ਰਗਟਾਈ। ਮੀਟਿੰਗ ਵਿਚ ਸੀਨੀਅਰ ਮੈਡੀਕਲ ਅਫ਼ਸਰਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਨੈਸ਼ਨਲ ਹੈਲਥ ਮਿਸ਼ਨ ਪ੍ਰਵੀਨ ਸ਼ਰਮਾ ਸਮੇਤ ਕਈ ਅਧਿਕਾਰੀ ਮੌਜੂਦ ਸਨ।

ਜ਼ਿਲ੍ਹਾ ਸਿਹਤ ਸੁਸਾਇਟੀ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ। ਤਸਵੀਰ: ਜਸਪਾਲ ਸਿੰਘ ਬੱਬੀ

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਬਲਾਕ ਪ੍ਰਧਾਨ ਗੁਰਮੇਲ ਸਿੰਘ ਢਿੱਲਵਾਂ ਵਾਲਾ ਤੇ ਹਾਜ਼ਰ ਯੂਨੀਅਨ ਮੈਂਬਰ। ਤਸਵੀਰ : ਮਾਣੂੰਕੇ

ਪੰਜਾਬ ਸਰਕਾਰ ਮੈਡੀਕਲ ਯੂਨੀਅਨ ਦੀਆਂ ਹੱਕਾਂ ਮੰਗਾਂ ਵੱਲ ਧਿਆਨ ਦੇਵੇ- ਪ੍ਰਧਾਨ ਗੁਰਮੇਲ ਸਿੰਘ

ਬਾਘਾਪੁਰਾਣਾ, 8 ਦਸੰਬਰ (ਗੁਰਮੀਤ ਸਿੰਘ ਮਾਣੂੰਕੇ)- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬਾਘਾਪੁਰਾਣਾ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਢਿੱਲਵਾਂ ਵਾਲਾ ਦੀ ਅਗਵਾਈ ਗੁਰਦੁਆਰਾ ਮੁਗਲੂ ਪੱਤੀ ਬਾਘਾਪੁਰਾਣਾ ਵਿਖੇ ਹੋਈ ਜਿਸ 'ਚ ਬਲਾਕ ਬਾਘਾਪੁਰਾਣਾ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਵੱਡੀ ਗਿਣਤੀ 'ਚ ਯੂਨੀਅਨ ਮੈਂਬਰਾਂ ਨੇ ਭਾਗ ਲਿਆ। ਇਸ ਮੌਕੇ ਬਲਜਿੰਦਰ ਸਿੰਘ ਨੱਥੋਕੇ ਨੇ ਯੂਨੀਅਨ ਦੀਆਂ ਲੰਮੇ ਸਮੇਂ ਲਟਕਦੀਆਂ ਆ ਰਹੀਆਂ ਮੰਗਾਂ 'ਤੇ ਵਿਚਾਰ-ਚਰਚਾ ਕਰਦੇ ਹੋਏ ਹਲਕਾ ਵਿਧਾਇਕ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਮੈਡੀਕਲ ਯੂਨੀਅਨ ਦੀਆਂ ਹੱਕੀ ਮੰਗਾਂ ਵੱਲ ਧਿਆਨ ਦਿੰਦੇ ਹੋਏ ਉਨ੍ਹਾਂ ਨੂੰ ਪੂਰਾ ਕੀਤਾ ਜਾਵੇ ਨਹੀ ਤਾਂ ਯੂਨੀਅਨ ਵੱਲੋਂ ਸਟੇਟ ਪੱਧਰ 'ਤੇ ਯੂਨੀਅਨ ਸਾਥੀਆਂ ਨਾਲ ਰਲਕੇ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਮੀਟਿੰਗ 'ਚ ਵੈਦ ਬਲਦੇਵ ਸਿੰਘ ਧੂੜਕੋਟ ਜ਼ਿਲ੍ਹਾ ਚੇਅਰਮੈਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਉਨ੍ਹਾਂ ਸਟੇਟ ਕਮੇਟੀ ਦੀ ਸਿਹਤ ਮੰਤਰੀ ਪੰਜਾਬ ਨਾਲ ਹੋਈ ਮੀਟਿੰਗ ਬਾਰੇ ਜਾਣਕਾਰੀ ਵੀ ਦਿੱਤੀ। ਇਸ ਮੌਕੇ ਚੰਦ ਸਿੰਘ ਬਾਘਾ ਪੁਰਾਣਾ, ਜਗਸੀਰ ਸਿੰਘ ਘੋਲੀਆ ਖ਼ੁਰਦ, ਮੁਕੰਦ ਸਿੰਘ ਮਾੜੀ ਮੁਸਤਫ਼ਾ, ਸੁਖਦੇਵ ਸਿੰਘ ਗੁਲਾਬ ਸਿੰਘ ਵਾਲਾ, ਗੁਰਚਰਨ ਸਿੰਘ ਮਾਣੂੰਕੇ, ਹੇਮ ਰਾਜ ਚੰਦ ਨਵਾਂ, ਜਗਜੀਤ ਸਿੰਘ ਸਮਾਧ ਭਾਈ, ਕੁਲਦੀਪ ਸਿੰਘ ਲਧਾਈ ਕੇ ਜ਼ਿਲ੍ਹਾ ਕਮੇਟੀ ਮੈਂਬਰ, ਬਲਵੀਰ ਸਿੰਘ ਮਾਣੂੰਕੇ, ਜਰਨੈਲ ਸਿੰਘ ਰਾਜੇਆਣਾ, ਪ੍ਰੈੱਸ ਸਕੱਤਰ ਸੁਖਪਾਲ ਸਿੰਘ ਜੀਤਾ ਸਿੰਘ ਵਾਲਾ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਤੇਗ ਬਹਾਦਰ ਜੀ ਸ਼ਹੀਦੀ ਦਿਹਾੜੇ ਸ਼ਰਧਾ ਪੂਰਵਕ ਮਨਾਇਆ

ਕੋਟ ਈਸੇ ਖਾਂ, 8 ਦਸੰਬਰ (ਨਿਰਮਲ ਸਿੰਘ ਕਾਲੜਾ)- ਗੁਰਦੁਆਰਾ ਸ਼ਹੀਦ ਗੰਜ ਸਲੀਣਾ ਵਿਖੇ ਪਰਮਹੰਸ ਸੰਤ ਗੁਰਜੰਟ ਸਿੰਘ ਦੇ ਆਦੇਸ਼ ਅਨੁਸਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਵਸ ਇਲਾਕੇ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਸੰਬੰਧੀ ਪ੍ਰਕਾਸ਼ ਕੀਤੇ ਗਏ ਅਖੰਡ ਪਾਠ ਦੇ ਭੋਗ ਪਾਏ ਗਏ। ਸੰਗਤਾਂ ਵਲੋਂ ਸੁਖਮਨੀ ਸਾਹਿਬ, ਜਪੁਜੀ ਸਾਹਿਬ, ਮੂਲ ਮੰਤਰ ਦੇ ਪਾਠ ਸ਼ਰਧਾ ਪੂਰਵਕ ਕਰ ਕੇ ਗੁਰੂ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਸਮੇਂ ਸੇਵਾਦਾਰਾਂ ਵਿਚ ਮਾਸਟਰ ਬਲਦੇਵ ਸਿੰਘ, ਸਾਬਕਾ ਐਕਸੀਅਨ ਸੋਹਣ ਲਾਲ, ਗੁਰਸੇਵਕ ਸਿੰਘ ਜੇ.ਈ., ਬਹਾਦਰ ਸਿੰਘ ਸਾਬਕਾ ਚੇਅਰਮੈਨ, ਗੁਰਲਾਲ ਸਿੰਘ ਵੜਿੰਗ, ਗੁਰਤੇਜ ਸਿੰਘ ਪਤਲੀ, ਸੁਖਜੀਤ ਸਿੰਘ ਤੂੰਬੜਭੰਨ, ਦਲਜੀਤ ਸਿੰਘ ਇੱਟਾਂਵਾਲੀ, ਬਲਵਿੰਦਰ ਸਿੰਘ ਨੈਸਲੇ, ਮਾਸਟਰ ਗੁਰਦੀਪ ਸਿੰਘ, ਡਾ. ਸੁਖਵਿੰਦਰ ਸਿੰਘ ਅਟਾਰੀ, ਗੁਰਿੰਦਰ ਸਿੰਘ ਪੱਪੀ ਪ੍ਰਧਾਨ, ਹਰਜੀਤ ਸਿੰਘ ਨਿਧਾਂਵਾਲਾ, ਲਖਵੀਰ ਸਿੰਘ ਬਰਾੜ, ਨਰਿੰਦਰ ਸਿੰਘ ਖੋਸਾ, ਸ਼ਮਸ਼ੇਰ ਸਿੰਘ ਪ੍ਰਧਾਨ, ਨਵਦੀਪ ਸਿੰਘ ਬਰਾੜ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ 'ਤੇ ਸੰਗਤਾਂ ਨਾਮ ਜਪਦੀਆਂ ਹੋਈਆਂ। ਤਸਵੀਰ: ਕਾਲੜਾ

ਮੋਗਾ ਵਿਖੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਹੇਠ ਮਜ਼ਦੂਰ ਜਥੇਬੰਦੀਆਂ ਦੇ ਆਗੂ ਬੁੱਢੇ ਨਾਲੇ ਦਾ ਮਸਲਾ ਹੱਲ ਕਰਨ ਦੀ ਅਪੀਲ ਕਰਦੇ। ਤਸਵੀਰ: ਜਸਪਾਲ ਸਿੰਘ ਬੱਬੀ

ਬੁੱਢੇ ਨਾਲੇ ਦਾ ਮਸਲਾ ਪੰਜਾਬ ਦੇ ਲੋਕਾਂ ਦੀ ਸਿਹਤ ਨਾਲ ਜੁੜਿਆ ਹੋਇਆ-ਵਿਜੇ ਧੀਰ

ਮੋਗਾ, 8 ਦਸੰਬਰ (ਜਸਪਾਲ ਸਿੰਘ ਬੱਬੀ)-ਮਾਲਵੇ ਦੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਅਤੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਦੀ ਅਗਵਾਈ ਵਿਚ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਸਤਲੁਜ ਦਰਿਆ ਦੇ ਪਾਣੀ ਨੂੰ ਪ੍ਰਦੂਸ਼ਿਤ ਹੋਣ ਤੋਂ ਰੋਕਣ ਲਈ ਕਾਲਾ ਪਾਣੀ ਦੇ ਮੋਰਚਾ ਵਲੋਂ ਕੀਤੀ ਜਾ ਰਹੀ ਸੰਘਰਸ਼ ਨੂੰ ਪੰਜਾਬ ਦੇ ਲੋਕਾਂ ਦੇ ਹਿਤ ਵਿਚ ਦੱਸਦਿਆਂ ਪੰਜਾਬ ਸਰਕਾਰ ਤੋਂ ਕੈਂਸਰ ਵੰਡ ਰਹੇ ਇਸ ਬੁੱਢੇ ਨਾਲੇ ਦਾ ਮਾਮਲਾ ਲੋਕ ਹਿਤ ਵਿਚ ਤੁਰੰਤ ਹੱਲ ਕਰਨ ਦੀ ਅਪੀਲ ਕੀਤੀ। ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਇਹ ਮਸਲਾ ਪੰਜਾਬ ਦੇ ਲੋਕਾਂ ਦੀ ਸਿਹਤ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਅਪੀਲ ਕੀਤੀ ਕਿ ਪੰਜਾਬ ਦੇ ਲੋਕਾਂ, ਸਮਾਜ ਸੇਵੀ ਸੰਸਥਾਵਾਂ, ਟਰੇਡ ਯੂਨੀਅਨਾਂ ਅਤੇ ਸਿਆਸੀ ਪਾਰਟੀਆਂ ਨੂੰ ਕਾਲੇ ਪਾਣੀ ਦੇ ਮੋਰਚੇ ਨੂੰ ਘੱਟੋ ਘੱਟ ਨੈਤਿਕ ਸਮਰਥਨ ਜ਼ਰੂਰ ਦੇਣਾ ਚਾਹੀਦਾ ਹੈ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਵੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਰਾਮ ਬਚਨ ਰਾਓ, ਪ੍ਰਵੀਨ ਕੁਮਾਰ ਸ਼ਰਮਾ, ਜਸਵਿੰਦਰ ਸਿੰਘ ਡੱਡ, ਮੇਜਰ ਸਿੰਘ ਲੰਡੇ ਕੇ, ਜਸਵੰਤ ਸਿੰਘ ਜੱਸਾ, ਗੁਰਚਰਨ ਸਿੰਘ ਬਹੋਨਾ, ਦਰਸ਼ਨ ਸਿੰਘ ਜੋੜਾ, ਵਿਜੇ ਕੁਮਾਰ, ਸੋਮਨਾਥ, ਰਕੇਸ਼ ਕੁਮਾਰ, ਸ਼ੰਮੀ ਤੋਂ ਇਲਾਵਾ ਮਜ਼ਦੂਰ ਹਾਜ਼ਰ ਸਨ।

ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਸਾਲਾਨਾ ਖੇਡਾਂ ਦਾ ਆਗਾਜ਼

ਕੋਟ ਈਸੇ ਖਾਂ, 8 ਦਸੰਬਰ (ਨਿਰਮਲ ਸਿੰਘ ਕਾਲੜਾ)-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਜੋ ਇਲਾਕੇ ਦਾ ਨਾਮਵਰ ਆਈ. ਸੀ. ਐਸ. ਈ. ਦਿੱਲੀ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲ ਹੈ ਅਤੇ ਆਪਣੇ ਬੱਚਿਆਂ ਨੂੰ ਵਰਲਡ ਕਲਾਸ ਦੀ ਵਿੱਦਿਆ ਦੇ ਰਿਹਾ ਹੈ, ਵਿਖੇ ਸਾਲਾਨਾ ਖੇਡਾਂ ਦੀ ਸ਼ੁਰੂਆਤ ਬਹੁਤ ਹੀ ਧੂਮ ਧਾਮ ਨਾਲ ਹੋਈ। ਬੱਚਿਆਂ ਵਲੋਂ ਇਸ ਮੌਕੇ ਪੇਸ਼ ਕੀਤੇ ਗਏ ਰੰਗਾਰੰਗ ਪ੍ਰੋਗਰਾਮ ਨੇ ਸਭ ਦਾ ਮਨ ਮੋਹ ਲਿਆ। ਕਿੰਡਰ ਵਿੰਗ ਦੇ ਅਧਿਆਪਕਾਂ ਦੀ ਸਖ਼ਤ ਮਿਹਨਤ ਨੇ ਇਸ ਪ੍ਰੋਗਰਾਮ ਦੀ ਸਟੇਜ ਡੈਕੋਰੇਸ਼ਨ ਵਿਚ ਚਾਰ ਚੰਨ੍ਹ ਲਗਾ ਦਿੱਤੇ। ਇਸ ਸਪੋਰਟਸ ਮੀਟ ਵਿਚ ਵੱਖ ਵੱਖ ਤਰ੍ਹਾਂ ਦੀਆਂ ਦੌੜਾਂ ਕਰਵਾਈਆਂ ਜਾਣਗੀਆਂ ਤੇ ਜੇਤੂਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਸਕੂਲ ਕਮੇਟੀ ਦੇ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਅਤੇ ਪ੍ਰਿੰਸੀਪਲ ਡਾ. ਪੰਕਜ ਧਮੀਜਾ ਨੇ ਸਾਰੇ ਵਿਦਿਆਰਥੀਆਂ ਦਾ ਹੌਸਲਾ ਫਜਾਈ ਕੀਤੀ।

ਸਾਲਾਨਾ ਖੇਡਾਂ ਦੀ ਸ਼ੁਰੂਆਤ ਕਰਨ ਸਮੇਂ ਸਕੂਲ ਦੇ ਪ੍ਰਬੰਧਕ ਤੇ ਸਟਾਫ। ਤਸਵੀਰ: ਕਾਲੜਾ

ਰਿਕਸ਼ਾ ਪੁਲਰ ਯੂਨੀਅਨ (ਏਟਕ) ਦੇ ਨਵੇਂ ਚੁਣੇ ਪ੍ਰਧਾਨ ਤੇ ਹੋਰ ਅਹੁਦੇਦਾਰ ਸਾਥੀ ਮੈਂਬਰਾਂ ਨਾਲ। ਤਸਵੀਰ: ਹਰਜੀਤ ਸਿੰਘ

ਰਿਕਸ਼ਾ ਪੁਲਰ ਯੂਨੀਅਨ (ਏਟਕ) ਦੀ ਚੋਣ ਹੋਈ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)- ਰਿਕਸ਼ਾ ਪੁਲਰ ਯੂਨੀਅਨ ਪੰਜਾਬ (ਏਟਕ) ਦੀ ਜ਼ਰੂਰੀ ਮੀਟਿੰਗ ਸਥਾਨਕ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਹੋਈ। ਇਸ ਮੌਕੇ ਟਰੇਡ ਯੂਨੀਅਨ ਕੌਂਸਲ ਮੋਗਾ ਦੇ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਸਕੱਤਰ ਜਗਸੀਰ ਸਿੰਘ ਖੋਸਾ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਆਗੂ ਭੁਪਿੰਦਰ ਸਿੰਘ ਸੇਖੋਂ ਅਤੇ ਬਚਿੱਤਰ ਸਿੰਘ ਧੋਥੜ ਨੇ ਕਿਹਾ ਕਿ ਮੋਗਾ ਦੇ ਟਰੇਡ ਯੂਨੀਅਨ ਇਤਿਹਾਸ ਵਿਚ ਏਟਕ, ਟਰੇਡ ਯੂਨੀਅਨ ਕੌਂਸਲ ਤੇ ਰਿਕਸ਼ਾ ਪੁਲਰ ਯੂਨੀਅਨ ਦਾ ਵਡਮੁੱਲਾ ਯੋਗਦਾਨ ਹੈ। ਰਿਕਸ਼ਾ ਪੁਲਰ ਯੂਨੀਅਨ (ਏਟਕ) ਪਿਛਲੇ ਲੰਮੇ ਸਮੇਂ ਤੋਂ ਰਿਕਸ਼ਾ ਚਾਲਕਾਂ ਦੀਆਂ ਮੰਗਾਂ ਤੇ ਮਸਲਿਆਂ ਲਈ ਲੜਦੀ ਰਹੀ ਹੈ ਤੇ ਇਸ ਜਥੇਬੰਦੀ ਦੀ ਅਗਵਾਈ ਹੇਠ ਰਿਕਸ਼ਾ ਚਾਲਕਾਂ ਨੇ ਸਥਾਨਕ ਪ੍ਰਸ਼ਾਸਨ ਤੇ ਸਰਕਾਰ ਤੋਂ ਬਹੁਤ ਸਾਰੀਆਂ ਮੰਗਾਂ ਮਨਵਾਈਆਂ। ਆਗੂਆਂ ਨੇ ਅੱਗੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੇ ਹੱਥੋਂ ਕਿਰਤ ਕਰਨ ਵਾਲਾ ਹਰ ਵਰਗ ਦੁਖੀ ਹੈ। ਇਨ੍ਹਾਂ ਸਰਮਾਏਦਾਰ ਸਰਕਾਰਾਂ ਦੀਆਂ ਨੀਤੀਆਂ ਦਾ ਮੁਕਾਬਲਾ ਸਮਾਜਵਾਦੀ ਪ੍ਰਬੰਧ ਸਿਰਜਣ ਦੀਆਂ ਹਮਾਇਤੀ ਪਾਰਟੀਆਂ ਦੀ ਰਾਜਨੀਤੀ ਨੂੰ ਮਜ਼ਬੂਤ ਕਰਨ ਨਾਲ ਮਿਲੇਗੀ। ਇਸ ਮੌਕੇ ਰਿਕਸ਼ਾ ਪੁਲਰ ਯੂਨੀਅਨ (ਏਟਕ) ਮੋਗਾ ਦੀ ਚੋਣ ਕੀਤੀ ਗਈ ਜਿਸ ਵਿਚ ਸਰਪ੍ਰਸਤ ਚਰਨਜੀਤ ਸਿੰਘ, ਪ੍ਰਧਾਨ ਭੋਲਾ ਸਿੰਘ, ਸਕੱਤਰ ਕੇਵਲ ਸਿੰਘ, ਖ਼ਜ਼ਾਨਚੀ ਮੰਗਲ ਸਿੰਘ, ਸੀਨੀਅਰ ਮੀਤ ਪ੍ਰਧਾਨ ਪ੍ਰੀਤਮ ਸਿੰਘ, ਮੀਤ ਪ੍ਰਧਾਨ ਨੇਕ ਸਿੰਘ, ਮੀਤ ਸਕੱਤਰ ਜਗਸੀਰ ਸਿੰਘ ਸਰਬਸੰਮਤੀ ਨਾਲ ਚੁਣੇ ਗਏ। ਇਸ ਮੌਕੇ ਟਰੇਡ ਯੂਨੀਅਨ ਆਗੂ ਪੋਹਲਾ ਸਿੰਘ ਬਰਾੜ ਅਤੇ ਜਗਪਾਲ ਸਿੰਘ ਹਾਜ਼ਰ ਸਨ।

ਨੈਸ਼ਨਲ ਪਲਸ ਪੋਲੀਓ ਮੁਹਿੰਮ ਹੈਲਥ ਵੈੱਲਨੈਸ ਸੈਂਟਰ ਸੇਖਾ ਰੋਡ ਸਮਾਲਸਰ ਵਿਖੇ ਸਮਾਲਸਰ ਸਮਾਜ ਸੇਵਾ ਸੰਮਤੀ ਵਲੋਂ ਪਲਸ ਪੋਲੀਓ ਮੁਹਿੰਮ ਦੀ ਸ਼ੁਰੂਆਤ ਸਮਾਜ ਸੇਵੀ ਡਾ. ਬਲਰਾਜ ਸਿੰਘ ਰਾਜੂ ਨੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਕੀਤੀ। ਵੇਰਵਾ : ਗੁਰਜੰਟ ਕਲਸੀ ਲੰਡੇ